# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :25-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਕੁਰੂਕੇਸ਼ੇਤਰ ਵਿਖੇ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੀ ਯਾਦ ਚ ਇਕ ਵਿਸ਼ੇਸ਼ ਸਮਾਗਮ ਵਿੱਚ ਹਿੱਸਾ ਲੈਣਗੇ। ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਗੁਰੂ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਸਿੱਕਾ ਤੇ ਯਾਦਗਾਰੀ ਡਾਕ ਟਿਕਟ ਜਾਰੀ ਕਰਨਗੇ। ਗੁਰੂ ਤੇਗ਼ ਬਹਾਦਰ ਜੀ ਦੇ ਸਨਮਾਨ ਵਿਚ ਕੇਂਦਰ ਸਰਕਾਰ ਸਾਲ ਭਰ ਚੱਲਣ ਵਾਲੇ ਸਮਾਗਮ ਕਰਵਾ ਰਹੀ ਏ।

ਪੇਸ਼-ਏ-ਇਕ ਰਿਪੋਰਟ

ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਵਸ ਸੰਬੰਧੀ ਪ੍ਰੋਗਰਾਮ ਵਿਚ ਸ਼ਿਰਕਤ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਕੁਰੂਕਸ਼ੇਤਰ ਵਿਚ ਚੱਲ ਰਹੇ ਅੰਤਰਰਾਸ਼ਟਰੀ ਗੀਤਾ ਮਹੱਤਸਵ ਦੇ ਮਧੇਨਜ਼ਰ ਏਥੇ ਇੱਕ ਨਵੀਂ ਬਈ ਕੀਤਾ ਜਾਵੇਗਾ। ਇਸ ਹੋਇਆ ਨੂੰ ਇਮਾਰਤ ਪੰਚਜਨਯ ਦਾ ਉਦਘਾਟਨ ਵੀ ਕਰਨਗੇ, ਜਿਸਨੂੰ ਭਗਵਾਨ ਕ੍ਰਿਸ਼ਨ ਦੇ ਪਵਿੱਤਰ ਸੰਖ ਦੇ ਸਨਮਾਨ ਵਿੱਚ ਡਿਜ਼ਾਈਨ ਕੀਤਾ ਗਿਆ ਹੈ। ਸ਼ਾਮ ਵੇਲੇ ਸ੍ਰੀ ਮੋਦੀ ਦੇਸ਼ ਦੇ ਸਭ ਤੋਂ ਪਵਿੱਤਰ ਤੀਰਥ ਸਥਾਨਾਂ ਵਿੱਚੋਂ ਇੱਕ, ਬ੍ਰਹਮਾ ਸਰੋਵਰ ਦੇ ਦਰਸ਼ਨ ਅਤੇ ਪੂਜਾ

ਕਰਨਗੇ, ਜੋ ਕਿ ਸ਼੍ਰੀਮਦ ਭਗਵਦ ਗੀਤਾ ਦੇ ਬ੍ਰਹਮ ਪ੍ਰਕਾਸ਼ ਨਾਲ ਜੁੜਿਆ ਹੋਇਆ ਹੈ। 15 ਨਵੰਬਰ ਤੋਂ ਸ਼ੁਰੂ ਹੋਇਆ ਅੰਤਰਰਾਸ਼ਟਰੀ ਗੀਤਾ ਮਹੋਤਸਵ 5 ਦਸੰਬਰ ਤੱਕ ਆਯੋਜਿਤ ਕੀਤਾ ਜਾ ਰਿਹਾ ਹੈ।

ਇਸੇ ਦੌਰਾਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਰੂ ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਨੌਵੇਂ ਸਿੱਖ ਗੁਰੂ ਨੂੰ ਉਨ੍ਹਾਂ ਦੀ ਬੇਮਿਸਾਲ ਹਿੰਮਤ ਤੇ ਕੁਰਬਾਨੀ ਲਈ ਯਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਧਰਮ ਤੇ ਮਾਨਵਤਾ ਲਈ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ।

----------------------------------------------------------------------------------

ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸਬੰਧੀ 3 ਰੋਜ਼ਾ ਸਮਾਗਮ ਅੱਜ ਸੰਪੰਨ ਹੋ ਰਹੇ ਨੇ। 23 ਨਵੰਬਰ ਨੂੰ ਆਰੰਭ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਅੱਜ ਭੋਗ ਪਾਏ ਗਏ ਨੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੋਰ ਆਗੂਆਂ ਨਾਲ ਗੁਰਦੁਆਰਾ ਬਾਬਾ ਬੁੱਢਾ ਦਲ ਛਾਉਣੀ ਵਿਖੇ ਸ੍ਰੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਵਿੱਚ ਸ਼ਮੂਲੀਅਤ ਕੀਤੀ। ਓਹਨਾ ਸੰਗਤ ਨਾਲ ਮਿਲ ਕੇ ਸੂਬੇ ਦੀ ਤਰੱਕੀ ਤੇ ਪੰਜਾਬੀਆਂ ਦੀ ਖੁਸ਼ਹਾਲੀ

ਲਈ ਅਰਦਾਸ ਕੀਤੀ। ਪੰਜਾਬ ਸਰਕਾਰ ਵਲੋਂ ਕਰਵਾਏ ਜਾ ਰਹੇ ਇਨਾਂ ਸਮਾਗਮਾਂ ਦੀ ਲੜੀ ਤਹਿਤ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਗਤਕਾ, ਨੇਜ਼ਾ ਬਾਜ਼ੀ, ਢਾਲ-ਤਲਵਾਰ ਤੇ ਸ਼ਸਤਰ ਦਰਸ਼ਨ, ਸਿਮਰਨ ਤੇ ਤਲਵਾਰ ਦਾ ਸੁਮੇਲ ਸਮਾਗਮ ਪੂਰੇ ਖ਼ਾਲਸਾਈ ਜਾਹੋ-ਜਲਾਲ ਨਾਲ ਕਰਵਾਇਆ ਗਿਆ। ਇਸ ਮੌਕੇ ਅੱਜ ਸੂਬਾ ਪੱਧਰੀ ਖ਼ੂਨਦਾਨ ਕੈਂਪ ਵੀ ਲਗਾਇਆ ਜਾ ਰਿਹਾ ਏ ਜਦਕਿ ਸਾਢੇ 3 ਲੱਖ ਬੂਟੇ ਲਾਉਣ ਦੀ ਸੂਬਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ ਏ। ਸਮਾਗਮਾਂ ਦੌਰਾਨ ਜਿੱਥੇ ਸਰਬੱਤ ਦਾ ਭਲਾ ਇਕੱਤਰਤਾ ਸਮਾਗਮ ਕਰਵਾਇਆ ਜਾ ਰਿਹਾ ਏ ਉਥੇ ਹੀ ਵਿਰਾਸਤ ਏ ਖਾਲਸਾ ਵਿਖੇ ਰੋਜ਼ਾਨਾ ਡਰੋਨ ਸ਼ੋਅ ਵੀ ਕਰਵਾਇਆ ਗਿਆ ਤੇ ਗੁਰਬਾਣੀ ਦਾ ਕੀਰਤਨ ਪ੍ਰਵਾਹ ਨਿਰੰਤਰ ਚੱਲ ਰਿਹਾ ਏ।

---------------------------------------------------------------------------------

ਗੁਰੂ ਤੇਗ ਬਹਾਦੁਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਪੁਰਬ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰੁਦੁਵਾਰਾ ਗੁਰੂ ਕੇ ਮਹਿਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਸੰਗਤ ਗੁਰੂ ਸਾਹਿਬ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕਰਨ

ਲਈ ਗੁਰੂ ਕੇ ਮਹਿਲ ਵਿਖੇ ਨਤਮਸਤਕ ਹੋ ਰਹੀ ਏ। ਇਸ ਸਬੰਧੀ ਅੱਜ ਸਵੇਰੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ  ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਗਏ, ਜਿਨ੍ਹਾਂ ਚ ਪੰਥ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥੇ ਸੰਗਤ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾ ਰਹੇ ਨੇ। ਸੰਗਤ ਦੀ ਆਮਦ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵਲੋਂ ਲੰਗਰ, ਪਾਰਕਿੰਗ ਤੇ ਰਿਹਾਇਸ਼ ਦੇ ਸੁਚੱਜੇ ਪ੍ਰਬੰਧ ਕੀਤੇ ਗਏ ਨੇ। ਉੱਧਰ ਅੱਜ ਇਸ ਪਾਵਨ ਦਿਹਾੜੇ ਮੌਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਵੱਡੀ ਗਿਣਤੀ ਚ ਨਤਮਸਤਕ ਹੋ ਰਹੀਆਂ ਨੇ।

---

ਪੰਜਾਬ ਸਰਕਾਰ ਨੇ 26 ਨਵੰਬਰ ਨੂੰ ਵਿਧਾਨ ਸਭਾ ਵਿਚ ਇਕ ਦਿਨ ਲਈ ਇਕ ਵਿਸ਼ੇਸ਼ ਵਿਦਿਆਰਥੀ ਇਜਲਾਸ ਬੁਲਾਇਆ ਏ। ਇਹ ਇਜਲਾਸ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਦੇ ਸਰਕਾਰੀ ਸਕੂਲਾਂ ਵਿਚੋਂ ਚੁਣੇ ਗਏ ਵਿਦਿਆਰਥੀਆਂ ਦੁਆਰਾ ਕਰਵਾਇਆ ਜਾਵੇਗਾ, ਇਜਲਾਸ ਵਿੱਚ, ਵਿਧਾਨ ਸਭਾ ਸਪੀਕਰ, ਮੁੱਖ ਮੰਤਰੀ ਤੇ ਵਿਧਾਇਕ ਦੀਆਂ ਭੂਮਿਕਾਵਾਂ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਨਿਭਾਈਆਂ ਜਾਣਗੀਆਂ।

ਇਸ ਨਾਲ ਵਿਦਿਆਰਥੀਆਂ ਨੂੰ ਬਹੁਤ ਕੁਝ ਸਿੱਖਣ ਦਾ ਮੌਕਾ ਵੀ ਮਿਲੇਗਾ । ਜਿਸ ਵਿਚ ਫਰੀਦਕੋਟ ਜ਼ਿਲ੍ਹੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਵਿਦਿਆਰਥੀ ਜਗਮੰਦਰ ਸਿੰਘ ਕੋਟਕਪੂਰਾ ਵਿਧਾਨ ਸਭਾ ਹਲਕੇ ਤੋਂ ਸਪੀਕਰ ਵਜੋਂ ਪ੍ਰਤੀਨਿਧਤਾ ਕਰੇਗਾ । ਇਸ ਬਾਰੇ ਜਗਮੰਦਰ ਸਿੰਘ ਨੇ ਕਿਹਾ ਕਿ ਉਹ ਬਹੁਤ ਮਾਣ ਮਹਿਸੂਸ ਕਰ ਰਹੇ ਨੇ ਕਿ ਉਹ ਵਿਧਾਨ ਸਭਾ ਦੇ ਇਜਲਾਸ ਵਿਚ ਇਕ ਵਿਧਾਇਕ ਵਜੋਂ ਹਿੱਸਾ ਲੈਣ ਜਾ ਰਹੇ ਨੇ ਤੇ ਸਪੀਕਰ ਦੇ ਮਾਣਯੋਗ ਅਹੁਦੇ ਦੀ ਕੁਰਸੀ 'ਤੇ ਬੈਠਣਗੇ।

---

ਕਪੂਰਥਲਾ ਦੇ ਜ਼ਿਲ੍ਹਾ ਭਾਸ਼ਾ ਅਫ਼ਸਰ ਵਲੋਂ ਪੰਜਾਬੀ ਮਹੀਨੇ ਨੂੰ ਸਮਰਪਿਤ ਇਕ ਖਾਸ ਮੁਹਿੰਮ ਪੁਸਤਕ ਦਾਨ-ਮਹਾਂਦਾਨ ਤਹਿਤ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ ਕਪੂਰਥਲਾ ਵਿਖੇ ਪੁਸਤਕ ਭੇਟ ਸਮਾਗਮ ਕਰਵਾਇਆ ਗਿਆ, ਜਿਸ ਵਿਚ ਜ਼ਿਲ੍ਹੇ ਦੀਆਂ ਲਗਭਗ 10 ਪੇਂਡੂ ਲਾਈਬ੍ਰੇਰੀਆਂ, ਲਗਭਗ 25 ਪ੍ਰਾਇਮਰੀ ਸਕੂਲ ਤੇ ਸ਼ਹਿਰ ਦੇ ਹੋਰ ਸਕੂਲਾਂ ਤੇ ਲਾਇਬ੍ਰੇਰੀਆਂ ਨੂੰ ਪੁਸਤਕਾਂ ਦੇ ਸੈੱਟ ਭੇਟ ਕੀਤੇ ਗਏ। ਇਸ ਮੌਕੇ ਭਾਸ਼ਾ ਵਿਭਾਗ ਪੰਜਾਬ ਵਲੋਂ ਪ੍ਰਕਾਸ਼ਿਤ ਪੁਸਤਕਾਂ ਦੀ ਪ੍ਰਦਰਸ਼ਨੀ

ਲਗਾਈ ਗਈ, ਸ਼ਹਿਰ ਵਾਸੀਆਂ ਨੇ ਇਸ ਪ੍ਰਦਰਸ਼ਨੀ ਵਿਚ ਭਾਗ ਲਿਆ ਤੇ ਭਾਸ਼ਾ ਵਿਭਾਗ ਦੀਆਂ ਪੁਸਤਕਾਂ ਵੀ ਖਰੀਦੀਆਂ।

---------------------------------------------------------------